# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 03-10-2024**

ਹਰਿਆਣਾ 'ਚ ਵਿਧਾਨ ਸਭਾ ਚੋਣਾਂ ਲਈ ਪ੍ਰਚਾਰ ਅੱਜ ਸ਼ਾਮ ਖਤਮ ਹੋ ਜਾਵੇਗਾ। 90 ਮੈਂਬਰੀ ਵਿਧਾਨ ਸਭਾ ਲਈ ਸ਼ਨੀਵਾਰ ਨੂੰ ਇੱਕ ਪੜਾਅ ਵਿੱਚ ਵੋਟਿੰਗ ਹੋਵੇਗੀ। ਵੋਟਾਂ ਦੀ ਗਿਣਤੀ 8 ਅਕਤੂਬਰ ਨੂੰ ਹੋਵੇਗੀ। ਚੋਣ ਕਮਿਸ਼ਨ ਨੇ 5 ਅਕਤੂਬਰ ਨੂੰ ਵੋਟਿੰਗ ਵਾਲੇ ਦਿਨ ਸ਼ਾਮ ਸਾਢੇ 6 ਵਜੇ ਤੱਕ ਕਿਸੇ ਵੀ ਤਰ੍ਹਾਂ ਦੇ ਐਗਜ਼ਿਟ ਪੋਲ ਨੂੰ ਜਾਰੀ ਕਰਨ 'ਤੇ ਪਾਬੰਦੀ ਲਗਾ ਦਿੱਤੀ ਏ। ਇਸ ਵਿੱਚ ਪ੍ਰਿੰਟ ਅਤੇ ਇਲੈਕਟ੍ਰਾਨਿਕ ਮੀਡੀਆ ਦੇ ਨਾਲ-ਨਾਲ ਹੋਰ ਮਾਧਿਅਮਾਂ ਰਾਹੀਂ ਐਗਜ਼ਿਟ ਪੋਲ ਦਾ ਪ੍ਰਕਾਸ਼ਨ ਜਾਂ ਪ੍ਰਸਾਰ ਵੀ ਸ਼ਾਮਲ ਏ। ਸਾਰੀਆਂ ਵੱਡੀਆਂ ਪਾਰਟੀਆਂ ਦੇ ਆਗੂ ਚੋਣ ਪ੍ਰਚਾਰ ਕਰਨ ਅਤੇ ਜਨਤਕ ਮੀਟਿੰਗਾਂ ਕਰਨ ਵਿੱਚ ਜੁਟੇ ਹੋਏ ਨੇ।

---

ਪੰਜਾਬ ਦੀਆਂ ਪੰਚਾਇਤੀ ਚੋਣਾ ਵਿੱਚ ਆਮ ਆਦਮੀ ਪਾਰਟੀ ਦੀ

ਸਰਕਾਰ ਵੱਲੋਂ ਸਰਕਾਰੀ ਮਸ਼ਿਨਰੀ ਦੀ ਹੋ ਰਹੀ ਦੁਰਵਰਤੋਂ ਤੇ ਕੀਤੀ ਜਾ ਰਹੀ ਧੱਕੇਸ਼ਾਹੀ ਖ਼ਿਲਾਫ਼ BJP ਦੇ ਵਫ਼ਦ ਨੇ ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਦੀ ਅਗਵਾਈ ਵਿੱਚ, ਪੰਜਾਬ ਚੋਣ ਕਮਿਸ਼ਨ ਨਾਲ ਚੰਡੀਗੜ ਵਿਖੇ ਮੁਲਾਕਾਤ ਕੀਤੀ। ਸੀਨੀਅਰ BJP ਆਗੂ ਕੇਵਲ ਸਿੰਘ ਢਿੱਲੋ ਤੇ ਐਨ.ਕੇ. ਵਰਮਾ ਸਮੇਤ ਹੋਰਨਾਂ ਮੈਂਬਰਾਂ ਦੇ ਵਫਦ ਨੇ ਪੰਚਾਇਤੀ ਚੋਣਾਂ ਵਿੱਚ ਭਗਵੰਤ ਮਾਨ ਸਰਕਾਰ ਵੱਲੋਂ ਲੋਕਤੰਤਰ ਦੇ ਕੀਤੇ ਜਾ ਰਹੇ ਘਾਣ ਬਾਰੇ ਜਾਣੂ ਕਰਵਾਇਆ ਅਤੇ ਵਾਰਡਬੰਦੀ ਤੇ ਵੋਟਰ ਸੂਚੀਆਂ ਦਾ ਮੁੱਦਾ ਵੀ ਉਠਾਇਆ। ਵਫਦ ਨੇ ਕਮਿਸ਼ਨ ਨੂੰ ਦੱਸਿਆ ਕਿ ਵਿਰੋਧੀ ਧਿਰ ਦੇ ਉਮੀਦਵਾਰਾਂ ਨੂੰ ਐਨ.ਓ.ਸੀ ਨਹੀਂ ਮਿਲ ਰਹੀ । ਉਨ੍ਹਾਂ ਕਮਿਸ਼ਨ ਨੂੰ ਪੰਜਾਬ ਦੀਆਂ ਪੰਚਾਇਤੀ ਚੋਣਾ ਨਿਰਪੱਖਤਾ ਨਾਲ ਕਰਵਾਉਣ ਦੀ ਬੇਨਤੀ ਵੀ ਕੀਤੀ।

-----------------------------------------------------

ਭਾਰਤੀ ਜਨਤਾ ਪਾਰਟੀ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਨੇ, ਆਮ ਆਦਮੀ ਪਾਰਟੀ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਨਾਕਾਮ ਹੋਏ ਅਮਨ-ਕਾਨੂੰਨ ਦੀ ਸਖ਼ਤ ਆਲੋਚਨਾ ਕਰਦਿਆਂ

ਦਸਿਆ ਕਿ ਜ਼ੀਰਾ ਵਿੱਚ ਪੰਚਾਇਤੀ ਚੋਣਾਂ ਦੌਰਾਨ ਦੋ ਧੜਿਆਂ ਵਿਚਾਲੇ ਝੜਪ ਵੀ ਹੋਈ ਅਤੇ ਗੋਲੀਆਂ ਵੀ ਚਲੀਆਂ ਜਿਸ ਵਿਚ 8 ਲੋਕ ਜ਼ਖਮੀ ਹੋਏ ਨੇ। ਅਣਪਛਾਤੇ ਲੋਕਾਂ ਖਿਲਾਫ ਮਾਮਲਾ ਦਰਜ ਕੀਤਾ ਗਿਆ ਏ। ਤਰੁਣ ਚੁੱਘ ਨੇ ਕਿਹਾ ਕਿ ਮੌਜੂਦਾ ਸਰਕਾਰ ਨੇ ਪਿਛਲੇ ਢਾਈ ਸਾਲਾਂ 'ਚ ਜ਼ਮੀਨੀ ਪੱਧਰ 'ਤੇ ਕੋਈ ਵੀ ਚੋਣ ਨਹੀਂ ਕਰਵਾਈ, ਭਾਵੇਂ ਉਹ ਨਿਗਮ ਚੋਣਾਂ ਹੋਣ ਜਾਂ ਪੰਚਾਇਤੀ ਚੋਣਾਂ, ਉਨ੍ਹਾਂ ਨੂੰ ਹਾਰ ਦਾ ਡਰ ਸਤਾਉਂਦਾ ਏ , ਇਸ ਲਈ ਉਹ ਲੋਕਾਂ ਦੇ ਜਮਹੂਰੀ ਅਧਿਕਾਰਾਂ ਦੀ ਉਲੰਘਣਾ ਕਰਨ ਦੀ ਕੋਸ਼ਿਸ਼ ਕਰ ਰਹੀ ਏ। ਉਨ੍ਹਾਂ ਕਿਹਾ ਕਿ ਲੋਕਤੰਤਰ 'ਚ ਹਿੰਸਾ ਦੀ ਕੋਈ ਥਾਂ ਨਹੀਂ ਏ। ਉਨ੍ਹਾਂ ਚੋਣ ਕਮਿਸ਼ਨ ਨੂੰ ਪੰਜਾਬ ਵਿੱਚ ਅਮਨ-ਕਾਨੂੰਨ ਦੀ ਸਥਿਤੀ ਦਾ ਖੁਦ ਨੋਟਿਸ ਲੈਣ ਅਤੇ ਪੰਜਾਬ ਸਰਕਾਰ ਨੂੰ ਨਿਰਪੱਖ ਅਤੇ ਸ਼ਾਂਤੀਪੂਰਵਕ ਚੋਣਾਂ ਕਰਵਾਉਣ ਲਈ ਅਪੀਲ ਵੀ ਕੀਤੀ।

------------------------------------------------------------

ਦੇਵੀ ਦੁਰਗਾ ਦੀ ਪੂਜਾ ਦਾ 9 ਦਿਨਾਂ ਨਵਰਾਤੇਆਂ ਦਾ ਤਿਉਹਾਰ - ਅੱਜ ਸ਼ਰਧਾ ਅਤੇ ਉਤਸ਼ਾਹ ਨਾਲ ਸ਼ੁਰੂ ਹੋ ਗਿਆ। ਨਵਰਾਤਰੀ ਦੌਰਾਨ ਮਾਤਾ ਦੁਰਗਾ ਦੇ 9 ਰੂਪਾਂ ਦੀ ਪੂਜਾ ਕੀਤੀ ਜਾਂਦੀ ਏ। ਪਹਿਲੇ ਦਿਨ, ਦੇਵੀ

ਦੁਰਗਾ ਦੀ ਸ਼ੈਲਪੁਤਰੀ ਦੇ ਰੂਪ ਵਿੱਚ ਪੂਜਾ ਕੀਤੀ ਜਾ ਰਹੀ ਏ । ਜਲੰਧਰ ਦੇ ਦੇਵੀ ਤਲਾਬ ਮੰਦਰ ਸਮੇਤ ਸੂਬੇ ਭਰ ਵਿਚ ਵੱਖ ਵੱਖ ਥਾਵਾਂ ਤੇ ਮੰਦਰਾਂ ਨੂੰ ਖੂਬਸੂਰਤ ਢੰਗ ਨਾਲ ਸਜਾਇਆ ਗਿਆ ਏ। ਸਵੇਰ ਤੋਂ ਮੰਦਰਾਂ ਵਿਚ ਸ਼ਰਧਾਲੂ ਸ਼ਰਧਾ ਭਾਵਨਾ ਨਾਲ ਨਤਮਸਤਕ ਹੋ ਰਹੇ ਨੇ।

--------------------------------------------------------

ਓਧਰ ਅੰਮ੍ਰਿਤਸਰ ਵਿਖੇ ਵੱਡਾ ਹਨੂੰਮਾਨ ਮੰਦਿਰ ਵਿਚ ਹਰ ਸਾਲ ਲੱਗਣ ਵਾਲਾ ਵਿਸ਼ਵ ਪ੍ਰਸਿੱਧ ਲੰਗੂਰ ਮੇਲਾ ਨਰਾਤਿਆਂ ਦੇ ਪਹਿਲੇ ਦਿਨ ਤੋਂ ਸ਼ੁਰੂ ਹੋ ਗਿਆ ਏ। ਲੋਕਾਂ ਵਿਚ ਮੇਲੇ ਨੂੰ ਲੈਕੇ ਕਾਫੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਏ । ਇਸ ਮੇਲੇ ਵਿਚ ਬੱਚਿਆਂ ਤੋਂ ਲੈ ਕੇ ਨੌਜਵਾਨ ਤੱਕ ਲੰਗੂਰ ਬਣਦੇ ਨੇ ਤੇ ਪੂਰੇ 10 ਦਿਨ ਤੱਕ ਬ੍ਰਹਮਚਾਰੀਆ ਵਰਤ ਦੇ ਨਾਲ ਪੂਰਾ ਸਾਤਵਿਕ ਜੀਵਨ ਬਤੀਤ ਕਰਦੇ ਨੇ । ਦਸ ਦਿਨ ਚੱਲਣ ਵਾਲਾ ਇਹ ਵਰਤ ਦੁਸਹਿਰੇ ਵਾਲੇ ਦਿਨ ਸਮਾਪਤ ਹੁੰਦਾ ਏ। ਅਜਿਹਾ ਮੰਨਿਆ ਜਾਂਦਾ ਏ ਕਿ ਜਿਨ੍ਹਾਂ ਲੋਕਾਂ ਦੀਆਂ ਮੁਰਾਦਾਂ ਪੂਰੀਆਂ ਹੁੰਦੀਆਂ ਨੇ, ਉਹ ਹਰ ਸਾਲ ਇਥੇ ਮੱਥਾ ਟੇਕਣ ਪੁੱਜਦੇ ਨੇ ।

-----------------------------------------------------------------

ਸੀਮਾ ਸੁਰੱਖਿਆ ਬਲ  ਹੈੱਡਕੁਆਰਟਰ ਜਲੰਧਰ ਵਿਖੇ ਪੰਜਾਬ ਫਰੰਟੀਅਰ ਦੇ ਜਵਾਨਾਂ ਵੱਲੋਂ BSF ਦੇ ਆਈ.ਜੀ ਡਾ: ਅਤੁਲ ਫੁਲਝੇਲੇ ਦੀ ਅਗਵਾਈ ਹੇਠ ਸਵੱਛ ਭਾਰਤ ਅਭਿਆਨ ਤਹਿਤ ਇੱਕ ਸਫ਼ਾਈ ਮੁਹਿੰਮ ਚਲਾਈ ਗਈ। ਇਸ ਮੁਹਿੰਮ ਵਿੱਚ ਨਾ ਸਿਰਫ਼ ਫਰੰਟੀਅਰ ਹੈੱਡ-ਕੁਆਰਟਰ, ਜਲੰਧਰ ਦੇ ਅਧਿਕਾਰੀਆਂ ਅਤੇ ਜਵਾਨਾਂ ਨੇ ਸਗੋਂ ਪੰਜਾਬ ਵਿੱਚ ਬੀ.ਐਸ.ਐਫ ਅਧੀਨ ਆਉਂਦੀਆਂ ਸਾਰੀਆਂ ਯੂਨਿਟਾਂ ਨੇ ਵੀ ਉਤਸ਼ਾਹ ਨਾਲ ਹਿੱਸਾ ਲਿਆ। ਸਵੱਛਤਾ ਹੀ ਸੇਵਾ ਪਹਿਲਕਦਮੀ ਦੇ ਤਹਿਤ, ਬੀ.ਐਸ.ਐਫ ਸਰਗਰਮੀ ਨਾਲ ਆਪਣੇ ਸਾਰੇ ਅਹਾਤੇ ਵਿੱਚ ਸਫਾਈ ਨੂੰ ਉਤਸ਼ਾਹਿਤ ਕਰ ਰਿਹਾ ਏ। ਜਵਾਨਾਂ ਨੇ ਨਾ ਸਿਰਫ਼ ਬੀ.ਐਸ.ਐਫ. ਅਤੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਵੀ ਸਫਾਈ ਸਫ਼ਾਈ ਮੁਹਿੰਮ ਚਲਾਈ ਅਤੇ ਲੋਕਾਂ ਨੂੰ ਸਵੱਛਤਾ ਦੀ ਆਦਤ ਅਪਣਾਉਣ ਅਤੇ ਸਵੱਛ ਭਾਰਤ ਦੇ ਸੰਕਲਪ ਨੂੰ ਪੂਰਾ  ਕਰਨ ਲਈ ਸਵੱਛਤਾ ਦਾ ਸੁਨੇਹਾ ਦਿੱਤਾ।

-----------------------------------------------

ਭਾਰਤੀ ਫੌਜ ਦੇ ਜਵਾਨਾਂ ਨੇ ਮਹਾਤਮਾ ਗਾਂਧੀ ਦੀ ਜਯੰਤੀ ਨੂੰ ਸਮਰਪਿਤ ਚੇਤਕ ਕੋਰ ਖੇਤਰ ਦੇ ਵੱਖ-ਵੱਖ ਮਿਲਟਰੀ ਸਟੇਸ਼ਨਾਂ 'ਤੇ "ਸਵੱਛਤਾ ਅਭਿਆਨ" ਚਲਾਇਆ। ਭਾਰਤੀ ਫੌਜ ਨੇ ਸਥਾਨਕ ਅਧਿਕਾਰੀਆਂ ਦੇ ਸਹਿਯੋਗ ਨਾਲ ਬਠਿੰਡਾ ਫੌਜੀ ਛਾਉਣੀ ਨੂੰ ਪਲਾਸਟਿਕ ਮੁਕਤ ਜ਼ੋਨ ਬਣਾਉਣ ਲਈ ਕਦਮ ਚੁੱਕੇ। ਇਸ ਦੌਰਾਨ ਸਾਰੇ ਪ੍ਰਤੀਭਾਗੀਆਂ ਨੇ ਸਿੰਗਲ ਯੂਜ਼ ਪਲਾਸਟਿਕ ਨੂੰ ਖਤਮ ਕਰਕੇ ਸਵੱਛਤਾ ਮਿਸ਼ਨ ਨੂੰ ਸਮਰਥਨ ਦੇਣ ਦੀ ਸਹੁੰ ਚੁੱਕੀ। ਕੋਰ ਦੇ ਸਾਰੇ ਜਵਾਨਾਂ ਨੂੰ ਸ਼ਾਮਲ ਕਰਦੇ ਹੋਏ ਵੱਡੇ ਪੱਧਰ 'ਤੇ ਸਫਾਈ ਮੁਹਿੰਮ ਚਲਾਈ ਗਈ। ਫੌਜ ਨੇ ਵਾਤਾਵਰਣ ਸੁਰੱਖਿਆ ਅਤੇ ਸਮਾਜਿਕ ਜ਼ਿੰਮੇਵਾਰੀ ਪ੍ਰਤੀ ਵਚਨਬੱਧਤਾ ਦਿਖਾਈ। ਇਸ ਮੁਹਿੰਮ ਦਾ ਉਦੇਸ਼ ਇਹ ਯਕੀਨੀ ਬਣਾਉਣਾ ਏ ਕਿ ਬਠਿੰਡਾ, ਸਫ਼ਾਈ ਅਤੇ ਸਥਿਰਤਾ ਦਾ ਇੱਕ ਨਮੂਨਾ ਬਣੇ, ਜੋ ਦੇਸ਼ ਵਿੱਚ ਪਲਾਸਟਿਕ ਮੁਕਤ ਵਾਤਾਵਰਣ ਬਣਾਉਣ ਦੇ ਵੱਡੇ ਟੀਚੇ ਵਿੱਚ ਯੋਗਦਾਨ ਪਾਵੇ।

-----------------------------------------------

ਗੁਰਦਾਸਪੁਰ ਵਿਖੇ ਪੀ.ਕੇ. ਸਰਕਾਰੀ ਆਈ. ਟੀ. ਆਈ. 'ਚ ਸਹਾਇਕ ਡਾਇਰੈਕਟਰ ਤੇ ਪ੍ਰਿੰਸੀਪਲ ਸੰਦੀਪ ਸਿੰਘ ਬੈਂਸ ਦੀ ਪ੍ਰਧਾਨਗੀ ਹੇਠ, 14 ਜਾਟ ਰੈਜੀਮੈਂਟ ਵੱਲੋਂ ਨਸ਼ਾ ਵਿਰੋਧੀ ਮੁਹਿੰਮ ਤਹਿਤ ਸੈਮੀਨਾਰ ਕਰਵਾਇਆ ਗਿਆ। ਲੈਫਟੀਨੈਂਟ ਕਰਨਲ ਆਰ.ਐਸ. ਸ਼ੇਖਾਵਤ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਇਸ ਮੌਕੇ ਹੋਰ ਪਤਵੰਤੇ ਵੀ ਮੌਜੂਦ ਰਹੇ ਸਮਾਗਮ ਦੌਰਾਨ ਲੈਫਟੀਨੈਂਟ ਕਰਨਲ ਸ਼ੇਖਾਵਤ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦੀ ਵਧ ਰਹੀ ਅਲਾਮਤ ਨੂੰ ਦੇਖਦਿਆਂ ਫੌਜ ਵੀ ਇਸ ਮੁਹਿੰਮ ਦਾ ਹਿੱਸਾ ਬਣ ਗਈ ਏ। ਉਨ੍ਹਾਂ ਕਿਹਾ ਕਿ ਚੰਗੀ ਸਿਹਤ ਹੀ ਸਭ ਤੋਂ ਵੱਡੀ ਦੌਲਤ ਏ। ਉਨ੍ਹਾਂ ਨੌਜਵਾਨਾਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ ਦੀ ਅਪੀਲ ਕੀਤੀ ।